# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਲੋਬਲ ਸਾਊਥ ਦੇ ਦੇਸ਼ਾਂ ਨੂੰ, ਇਕ-ਦੂਜੇ ਦੀ ਤਾਕਤ ਬਣਨ ਲਈ, ਇਕ ਆਵਾਜ਼ ਵਿਚ ਇਕਜੁੱਟ ਹੋਣ ਦਾ ਸੱਦਾ ਦਿੱਤਾ ਏ।
- ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਡਾਕਟਰ, ਅੱਜ ਲਗਾਤਾਰ ਦੂਜੇ ਦਿਨ ਵੀ ਹੜਤਾਲ 'ਤੇ ਨੇ, ਜਿਸ ਨਾਲ ਸੂਬੇ ਭਰ ਵਿਚ ਸਿਹਤ ਸੇਵਾਵਾਂ ਠੱਪ ਨੇ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਆਂਗਣਵਾੜੀ ਵਰਕਰਾਂ ਦੀਆਂ 3 ਹਜ਼ਾਰ ਨਵੀਆਂ ਅਸਾਮੀਆਂ ਭਰਨ ਦੇ ਨਾਲ-ਨਾਲ, ਔਰਤਾਂ ਲਈ ਰੋਜ਼ਗਾਰ ਦੇ ਵੱਡੇ ਮੌਕੇ ਪੈਦਾ ਕਰਨ ਦਾ ਐਲਾਨ ਕੀਤਾ।
- ਦੇਸ਼ ਦੇ ਮਹਾਨ ਸ਼ਹੀਦ ਮਦਨ ਲਾਲ ਢੀਂਗਰਾ ਨੂੰ, ਅੱਜ ਉਨਾਂ ਦੀ ਬਰਸੀ ਤੇ ਯਾਦ ਕੀਤਾ ਗਿਆ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਲੋਬਲ ਸਾਊਥ ਦੇ ਦੇਸ਼ਾਂ ਨੂੰ ਇਕ-ਦੂਜੇ ਦੀ ਤਾਕਤ ਬਣਨ ਲਈ ਇਕ ਆਵਾਜ਼ ਵਿਚ ਇਕਜੁੱਟ ਹੋਣ ਦਾ ਸੱਦਾ ਦਿੱਤਾ ਏ। ਗਲੋਬਲ ਸਾਊਥ ਵਰਚੁਅਲ ਸਮਿਟ ਦੀ ਅੱਜ ਤੀਜੀ ਆਵਾਜ਼ 'ਤੇ ਆਪਣੀ ਸ਼ੁਰੂਆਤੀ ਟਿੱਪਣੀ ਵਿੱਚ, ਪ੍ਰਧਾਨ ਮੰਤਰੀ ਨੇ ਅਨਿਸ਼ਚਿਤਤਾ ਅਤੇ ਚੁਣੌਤੀਆਂ ਦੇ ਮੌਜੂਦਾ ਗਲੋਬਲ ਮਾਹੌਲ ਬਾਰੇ ਚਿੰਤਾ ਪ੍ਰਗਟ ਕੀਤੀ। ਉਨਾਂ ਕਿਹਾ ਕਿ ਜਦੋਂ ਵਿਸ਼ਵ ਅਜੇ ਤੱਕ ਕੋਵਿਡ - 19 ਦੇ ਪ੍ਰਭਾਵਾਂ ਤੋਂ ਪੂਰੀ ਤਰ੍ਹਾਂ ਉਭਰਿਆ ਨਹੀਂ ਏ, ਪਰ ਸੰਘਰਸ਼ ਦੀ ਸਥਿਤੀ ਨੇ ਗਲੋਬਲ ਸਾਊਥ ਨੇਸ਼ਨ ਦੀ ਵਿਕਾਸ ਯਾਤਰਾ ਲਈ ਵੀ ਮਹੱਤਵਪੂਰਨ ਚੁਣੌਤੀਆਂ ਖੜ੍ਹੀਆਂ ਕੀਤੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਦੇਸ਼ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਦੇ ਨਾਲ-ਨਾਲ ਸਿਹਤ, ਭੋਜਨ ਅਤੇ ਊਰਜਾ ਸੁਰੱਖਿਆ ਬਾਰੇ ਚਿੰਤਾਵਾਂ ਦਾ ਸਾਹਮਣਾ ਕਰ ਰਹੇ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਰੋਸਾ ਦਿਵਾਇਆ ਕਿ ਗਲੋਬਲ ਸਾਊਥ ਦੇ ਸਾਰੇ ਦੇਸ਼ਾਂ ਨਾਲ ਭਾਰਤ ਆਪਣੇ ਅਨੁਭਵ ਤੇ ਸਮਰੱਥਾਵਾਂ ਨੂੰ ਸਾਂਝਾ ਕਰਨ ਲਈ ਵਚਨਬੱਧ ਏ।

----------------------------------------------------

ਕੋਲਕਾਤਾ ਦੇ ਆਰ ਜੀ ਕਾਰ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਇੱਕ ਮਹਿਲਾ ਡਾਕਟਰ ਨਾਲ ਜ਼ਬਰ ਜਿਨਾਹ ਅਤੇ ਹੱਤਿਆ ਦੇ ਵਿਰੋਧ

ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ-ਆਈ ਐਮ ਏ ਦੀ 24 ਘੰਟੇ ਦੀ ਦੇਸ਼ ਵਿਆਪੀ ਹੜਤਾਲ ਦੇ ਸੱਦੇ 'ਤੇ ਡਾਕਟਰ, ਮੈਡੀਕਲ ਪੇਸ਼ੇਵਰ ਅਤੇ ਵਿਦਿਆਰਥੀ ਦੇਸ਼ ਭਰ ਵਿੱਚ ਪ੍ਰਦਰਸ਼ਨ ਕਰ ਰਹੇ ਨੇ । ਗੈਰ-ਐਮਰਜੈਂਸੀ ਅਤੇ ਓ ਪੀ ਡੀ ਸੇਵਾਵਾਂ ਕੱਲ ਸਵੇਰੇ 6 ਵਜੇ ਤੱਕ ਪ੍ਰਭਾਵਿਤ ਰਹਿਣਗੀਆਂ । ਹਾਲਾਂਕਿ, ਸਾਰੀਆਂ ਜ਼ਰੂਰੀ ਸੇਵਾਵਾਂ ਨੂੰ ਬਰਕਰਾਰ ਰੱਖਿਆ ਜਾ ਰਿਹਾ ਏ । ਏਧਰ ਕੇਂਦਰੀ ਸਿਹਤ ਮੰਤਰਾਲੇ ਨੇ ਪ੍ਰਦਰਸ਼ਨਕਾਰੀ ਡਾਕਟਰਾਂ ਨੂੰ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ ਏ ਅਤੇ ਵਿਆਪਕ ਜਨਤਕ ਹਿੱਤ ਵਿੱਚ ਉਨ੍ਹਾਂ ਨੂੰ ਆਪਣੀਆਂ ਡਿਊਟੀਆਂ ਮੁੜ ਸ਼ੁਰੂ ਕਰਨ ਦੀ ਅਪੀਲ ਕੀਤੀ ਏ । ਮੰਤਰਾਲੇ ਨੇ ਕਿਹਾ ਕਿ ਸਿਹਤ ਸੰਭਾਲ ਪੇਸ਼ੇਵਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਉਪਾਅ ਸੁਝਾਉਣ ਵਾਸਤੇ ਇੱਕ ਕਮੇਟੀ ਬਣਾਈ ਜਾਵੇਗੀ ਅਤੇ ਸੂਬਾ ਸਰਕਾਰਾਂ ਸਮੇਤ ਸਾਰੇ ਹਿੱਸੇਦਾਰਾਂ ਦੇ ਪ੍ਰਤੀਨਿਧਾਂ ਨੂੰ ਪੈਨਲ ਨਾਲ ਆਪਣੇ ਸੁਝਾਅ ਸਾਂਝੇ ਕਰਨ ਲਈ ਬੁਲਾਇਆ ਜਾਵੇਗਾ ।

---------------------------------------------------------

ਉਧਰ ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਡਾਕਟਰ ਵੀ ਅੱਜ ਲਗਾਤਾਰ ਦੂਜੇ ਦਿਨ ਵੀ ਹੜਤਾਲ 'ਤੇ ਨੇ, ਜਿਸ

ਨਾਲ ਸੂਬੇ ਭਰ ਵਿਚ ਸਿਹਤ ਸੇਵਾਵਾਂ ਠੱਪ ਨੇ । ਹਸਪਤਾਲਾਂ ਵਿਚ ਓ ਪੀ ਡੀ ਵਿਚ ਆਉਣ ਵਾਲੇ ਮਰੀਜਾਂ ਨੂੰ ਹੜਤਾਲ ਕਰਕੇ ਕਾਫੀ ਖਜਲ ਖੁਆਰ ਹੋਣਾ ਪਿਆ ਹਾਲਾਂਕਿ ਐਮਰਜੈਂਸੀ ਵਿੱਚ ਆਉਣ ਵਾਲੇ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਏ । ਜ਼ਿਲ੍ਹਾ ਮੁਹਾਲੀ ਦੀ ਜਥੇਬੰਦੀ ਖਰੜ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਪੁਨੀਤ ਮੰਡਕਰਨ ਦੀ ਅਗਵਾਈ ਵਿਚ ਕੈਮਿਸਟਾਂ ਨੇ ਹੜਤਾਲ ਵਿਚ ਹਿੱਸਾ ਲਿਆ ਅਤੇ ਡਾਕਟਰਾਂ ਦੀ ਹਮਾਇਤ ਵਿੱਚ ਭੂਰੂ ਚੌਕ ਤੋਂ ਰੋਸ ਮਾਰਚ ਕੱਢਿਆ । ਖਰੜ ਕੈਮਿਸਟ ਐਸੋਸੀਏਸ਼ਨ ਨੇ 2 ਤੋਂ 4 ਵਜੇ ਤੱਕ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਹੜਤਾਲ ਕੀਤੀ । ਗੁਰਦਾਸਪੁਰ ਵਿਚ ਇੰਡੀਅਨ ਮੈਡੀਕਲ ਐਸੋਸੀਏਸ਼ਨ ਨਾਲ ਸੰਬੰਧਿਤ ਪ੍ਰਾਈਵੇਟ ਡਾਕਟਰਾਂ ਨੇ ਵੀ ਆਪਣਾ ਕੰਮਕਾਜ ਛੱਡ ਕੇ ਰੋਸ ਦਿਖਾਵਾ ਕੀਤਾ ਅਤੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕਰਦਿਆਂ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਦੀ ਮੰਗ ਕੀਤੀ ।

---------------------------------------------------------

ਰੱਖੜੀ ਦੇ ਤਿਉਹਾਰ ਮੌਕੇ ਪੰਜਾਬ ਦੀਆਂ ਮਹਿਲਾਵਾਂ ਨੂੰ ਵੱਡੀ ਸੌਗਾਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਂਗਣਵਾੜੀ ਵਰਕਰਾਂ ਦੀਆਂ 3 ਹਜ਼ਾਰ ਨਵੀਆਂ ਅਸਾਮੀਆਂ ਭਰਨ ਦੇ ਨਾਲ-ਨਾਲ ਔਰਤਾਂ ਲਈ ਰੋਜ਼ਗਾਰ ਦੇ ਵੱਡੇ ਮੌਕੇ ਪੈਦਾ ਕਰਨ ਦਾ ਐਲਾਨ ਕੀਤਾ ਏ ।

ਬਰਨਾਲਾ ਵਿਖੇ ਅੱਜ ਇਕ ਰਾਜ ਪੱਧਰੀ ਸਮਾਗਮ ਨੂੰ ਸੰਬਧੋਨ ਕਰਦਿਆਂ ਉਨਾਂ ਕਿਹਾ ਕਿ ਸੂਬਾ ਸਰਕਾਰ ਨੇ ਇਸ ਸਬੰਧੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ ਅਤੇ ਬਹੁਤ ਛੇਤੀ ਇਨ੍ਹਾਂ ਅਸਾਮੀਆਂ ਉਤੇ ਭਰਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਰੋਜ਼ਗਾਰ ਦੇ ਨਵੇਂ ਦਿਸਹੱਦੇ ਕਾਇਮ ਹੋਣਗੇ ਜਿਹੜੇ ਮਹਿਲਾਵਾਂ ਦੇ ਵੱਧ ਅਧਿਕਾਰਾਂ ਲਈ ਬੇਹੱਦ ਸਹਾਈ ਹੋਣਗੇ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਆਸ਼ਾ ਵਰਕਰਾਂ ਦੀਆਂ ਜਾਇਜ਼ ਮੰਗਾਂ ਉਤੇ ਹਮਦਰਦੀ ਨਾਲ ਵਿਚਾਰ ਕਰ ਰਹੀ ਏ ਅਤੇ ਮਹਿਲਾ ਸਸ਼ਕਤੀਕਰਨ ਦੇ ਮਨੋਰਥ ਨਾਲ ਬਹੁਤ ਸਾਰੇ ਉਪਰਾਲੇ ਕਰ ਰਹੀ ਏ। ਉਨ੍ਹਾਂ ਕਿਹਾ ਕਿ ਸੂਬੇ ਦੇ ਛੇ ਜ਼ਿਲ੍ਹਿਆਂ ਵਿੱਚ ਸੀਨੀਅਰ ਪੁਲੀਸ ਕਪਤਾਨ ਵਜੋਂ ਮਹਿਲਾ ਅਧਿਕਾਰੀ ਤਾਇਨਾਤ ਨੇ ਅਤੇ ਅੱਠ ਜ਼ਿਲ੍ਹਿਆਂ ਵਿੱਚ ਮਹਿਲਾ ਡਿਪਟੀ ਕਮਿਸ਼ਨਰ ਨੇ। ਉਨਾਂ ਕਿਹਾ ਕਿ ਸੂਬੇ ਵਿੱਚ ਕੁੜੀਆਂ ਦੀ ਭਲਾਈ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਨੇ ਅਤੇ ਇਨ੍ਹਾਂ ਕੋਸ਼ਿਸ਼ਾਂ ਦੇ ਹਾਂ ਪੱਖੀ ਨਤੀਜੇ ਸਾਹਮਣੇ ਆ ਰਹੇ ਨੇ।

------------------------------------------------------------

ਫ਼ਰੀਦਕੋਟ ਪੁਲਿਸ ਨੇ 77 ਕਿਲੋਗ੍ਰਾਮ ਹੈਰੋਇਨ ਬਰਾਮਦਗੀ ਮਾਮਲੇ ਵਿੱਚ ਲੋੜੀਂਦੇ ਮੁੱਖ ਮੁਲਜ਼ਮ ਗੁਲਾਬ ਸਿੰਘ ਦੀ ਗ੍ਰਿਫਤਾਰੀ ਨਾਲ ਸਰਹੱਦ

ਪਾਰੋਂ ਹੋਣ ਵਾਲੀ ਨਾਰਕੋ ਸਮੱਗਲਿੰਗ ਨੂੰ ਨੱਥ ਪਾਉਣ ਵਿੱਚ ਵੱਡੀ ਕਾਮਯਾਬੀ ਹਾਸਿਲ ਕੀਤੀ ਏ। ਇਹ ਜਾਣਕਾਰੀ ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਅੱਜ ਚੰਡੀਗੜ੍ਹ ਵਿਚ ਦਿੱਤੀ। ਉਨਾਂ ਕਿਹਾ ਕਿ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਫਾਜ਼ਿਲਕਾ ਨੇ ਇਹ ਕਾਰਵਾਈ 77 ਇਸ਼ਾਰਿਆ 8 ਕਿਲੋਗ੍ਰਾਮ ਹੈਰੋਇਨ ਅਤੇ ਤਿੰਨ ਪਿਸਤੌਲਾਂ ਦੀ ਬਰਾਮਦਗੀ ਸਮੇਤ ਚਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਸੀਮਾ ਪਾਰ ਦੇ ਦੋ ਵੱਖ-ਵੱਖ ਨਸ਼ਾ ਤਸਕਰੀ ਰੈਕੇਟਾਂ ਦਾ ਪਰਦਾਫਾਸ਼ ਕਰਨ ਦੇ ਕੋਈ ਇੱਕ ਸਾਲ ਬਾਅਦ ਅਮਲ ਵਿੱਚ ਲਿਆਂਦੀ ਗਈ ਏ। ਦੱਸਣਯੋਗ ਏ ਕਿ ਇਹ ਖੇਪ ਦਰਿਆਈ ਰਸਤੇ ਰਾਹੀਂ ਆਈ ਸੀ। ਇਸ ਸਬੰਧੀ ਦੋ ਵੱਖ-ਵੱਖ ਕੇਸ ਦਰਜ ਕੀਤੇ ਗਏ ਸਨ ਅਤੇ ਗ੍ਰਿਫ਼ਤਾਰ ਮੁਲਜ਼ਮ ਦੋਵਾਂ ਮਾਮਲਿਆਂ ਵਿੱਚ ਪੁਲੀਸ ਨੂੰ ਲੋੜੀਂਦਾ ਸੀ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਨੇ 36 ਕਿਲੋਗ੍ਰਾਮ ਨਸ਼ੀਲੇ ਪਦਾਰਥ ਦੀ ਡਿਲਿਵਰੀ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਸੀ ਅਤੇ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਵੀ ਇਸ ਦੇ ਸਬੰਧ ਸਨ। ਉਹਨਾਂ ਅੱਗੇ ਕਿਹਾ ਕਿ ਗੁਲਾਬ ਸਿੰਘ ਦੀ ਗ੍ਰਿਫਤਾਰੀ ਸਮੁੱਚੇ ਤਸਕਰੀ ਨੈਟਵਰਕ ਨੂੰ ਤੋੜਨ ਅਤੇ ਭਵਿੱਖ ਵਿੱਚ ਤਸਕਰੀ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਸਹਾਈ ਹੋਵੇਗੀ।

---------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਰੂਪਨਗਰ ਦੀ ਖੇਤੀ ਮਾਹਿਰਾਂ ਦੀ ਟੀਮ ਕਿਸਾਨਾਂ ਨੂੰ ਕਿਸਾਨ ਸਿਖਲਾਈ ਕੈਂਪਾਂ ਅਤੇ ਨੁੱਕੜ ਮੀਟਿੰਗਾਂ ਰਾਹੀਂ ਪਿੰਡਾਂ ਵਿੱਚ ਜਾਗਰੂਕ ਕਰ ਰਹੀ ਏ। ਮੁੱਖ ਖੇਤੀਬਾੜੀ ਅਫਸਰ ਡਾ. ਗੁਰਬਚਨ ਸਿੰਘ ਨੇ ਪਿੰਡ ਮੜੌਲੀ ਬਲਾਕ ਮੋਰਿੰਡਾ ਵਿਖੇ ਕਿਸਾਨਾਂ ਦੇ ਖੇਤਾਂ ਵਿੱਚ ਝੋਨੇ ਦੀ ਫਸਲ ਦਾ ਨਿਰੀਖਣ ਕਰਦੇ ਹੋਏ ਦੱਸਿਆ ਕਿ ਵੱਖ-ਵੱਖ ਕੀੜੇ-ਮਕੌੜੇ, ਬਿਮਾਰੀਆਂ ਅਤੇ ਨਦੀਨਾਂ ਦੀ ਰੋਕਥਾਮ ਲਈ ਵੱਖ-ਵੱਖ ਰਸਾਇਣਾਂ ਦੀ ਪੀ.ਏ.ਯੂ ਵੱਲੋਂ ਸਿਫਾਰਿਸ਼ ਕੀਤੀ ਗਈ ਏ, ਇਸ ਲਈ ਰਸਾਇਣਾਂ ਦੀ ਚੋਣ ਕਰਨ ਤੋਂ ਪਹਿਲਾਂ ਫਸਲ ਦੇ ਕੀੜੇ-ਮਕੌੜੇ, ਬਿਮਾਰੀਆਂ ਅਤੇ ਨਦੀਨਾਂ ਦੀ ਸਹੀ ਪਹਿਚਾਣ ਕਰਨੀ ਬਹੁਤ ਜਰੂਰੀ ਏ ।

---------------------------------------------------

ਸਾਲ 2022 ਲਈ 70ਵੇਂ ਰਾਸ਼ਟਰੀ ਫਿਲਮ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਏ । ਇਸ ਵਿਚ ਮੁਕੇਸ਼ ਗੌਤਮ ਦੇ ਨਿਰਦੇਸ਼ਨ ਹੇਠ ਤਿਆਰ ਹੋਈ ਫਿਲਮ 'ਬਾਗ਼ੀ ਦੀ ਧੀ' ਨੂੰ ਸਰਬੋਤਮ ਪੰਜਾਬੀ ਫਿਲਮ ਦਾ ਐਵਾਰਡ ਮਿਲਿਆ ਏ । ਹੋਰ ਪੁਰਸਕਾਰਾਂ 'ਚ ਖੇਤਰੀ ਸਿਨੇਮਾ ਦਾ ਦਬਦਬਾ ਰਿਹਾ। 'ਬਾਗ਼ੀ ਦੀ ਧੀ' ਫਿਲਮ 2022 ਵਿਚ ਰਿਲੀਜ਼ ਹੋਈ

ਸੀ ਅਤੇ ਇਸ ਵਿਚ ਬਾਗ਼ੀਆਂ ਦੇ ਸੰਘਰਸ਼ ਦੀ ਕਹਾਣੀ ਨੂੰ ਦਿਖਾਇਆ ਗਿਆ ਏ । ਰਾਸ਼ਟਰੀ ਫਿਲਮ ਪੁਰਸਕਾਰਾਂ ਦੇ ਸਿਖਰਲੇ ਵਰਗਾਂ 'ਚ ਸਥਾਨ ਬਣਾਉਣ ਵਾਲੀ ਬਾਲੀਵੁਡ ਦੀ ਇੱਕੋ ਇਕ ਫਿਲਮ ਸੂਰਜ ਆਰ ਬੜਜਾਤਿਆ ਦੀ 'ਉਂਚਾਈ' ਰਹੀ, ਜਿਸ ਨੂੰ ਇਸ ਫਿਲਮ ਲਈ ਸਰਬੋਤਮ ਡਾਇਰੈਕਟਰ ਦਾ ਪੁਰਸਕਾਰ ਮਿਲਿਆ । ਇਸ ਫਿਲਮ ਲਈ ਨੀਨਾ ਗੁਪਤਾ ਨੂੰ ਸਰਬੋਤਮ ਸਹਾਇਕ ਅਦਾਕਾਰਾ ਦਾ ਪੁਰਸਕਾਰ ਮਿਲਿਆ ਏ । ਹਰਿਆਣਵੀ ਫਿਲਮ 'ਫੌਜਾ' ਦੇ ਹਿੱਸੇ 'ਚ ਕਈ ਪੁਰਸਕਾਰ ਆਏ ਨੇ । ਇਸ ਫਿਲਮ ਲਈ ਪਵਨ ਮਲਹੋਤਰਾ ਨੂੰ ਸਰਬੋਤਮ ਸਹਾਇਕ ਅਦਾਕਾਰ ਦਾ ਪੁਰਸਕਾਰ ਮਿਲਿਆ ਏ ।

---------------------------------------------------------------

ਦੇਸ਼ ਦੇ ਮਹਾਨ ਸ਼ਹੀਦ ਮਦਨ ਲਾਲ ਢੀਂਗਰਾ ਨੂੰ ਅੱਜ ਉਨਾਂ ਦੀ ਬਰਸੀ ਤੇ ਯਾਦ ਕੀਤਾ ਗਿਆ । 17 ਅਗਸਤ 1909 ਨੂੰ ਇਸ ਮਹਾਨ ਆਜ਼ਾਦੀ ਘੁਲਾਟੀਏ ਮਦਨ ਲਾਲ ਢੀਂਗਰਾ ਨੂੰ ਬ੍ਰਿਟੇਨ ਵਿਚ ਫਾਂਸੀ ਦਿੱਤੀ ਗਈ ਸੀ । ਭਾਰਤੀ ਵਿਦਿਆਰਥੀਆਂ ਦੀ ਜਾਸੂਸੀ ਕਰਨ ਵਾਲੇ ਲਾਰਡ ਵਿਲੀਅਮ ਵਾਇਲੀ ਦੀ ਹੱਤਿਆ ਦੇ ਦੋਸ਼ ਵਿੱਚ ਮਦਨ ਲਾਲ ਢੀਂਗਰਾ ਨੂੰ ਇਹ ਸਜ਼ਾ ਮਿਲੀ ਸੀ । ਅੰਮ੍ਰਿਤਸਰ ਦੇ ਇਸ 22 ਸਾਲ ਨੌਜਵਾਨ ਨੇ ਸੀਨਾ ਤਾਣ ਕੇ ਖੁਸ਼ੀ ਖੁਸ਼ੀ ਇਹ ਕਾਰਾ ਕਬੂਲ ਕੀਤਾ ਸੀ । ਅੰਮ੍ਰਿਤਸਰ ਦੇ ਗੋਲ ਬਾਗ

ਵਿਖੇ ਸ਼ਹੀਦ ਢੀਂਗਰਾ ਦੀ ਯਾਦਗਾਰ ਵਿਖੇ ਸ਼ਰਧਾਂਜਲੀ ਦੇਣ ਪੰਜਾਬ ਦੇ ਕੈਬਨਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਲਾਲਜੀਤ ਸਿੰਘ ਭੁੱਲਰ ਅਤੇ ਸਾਬਕਾ ਮੰਤਰੀ ਤੇ ਦੁਰਗਿਆਣਾ ਮੰਦਿਰ ਕਮੇਟੀ ਦੀ ਪ੍ਰਧਾਨ ਲਕਸ਼ਮੀਕਾਂਤਾ ਚਾਵਲਾ ਸਮੇਤ ਵੱਡੀ ਗਿਣਤੀ ਚ ਸ਼ਹਿਰਵਾਸੀ ਪਹੁੰਚੇ। ਸਾਰਿਆਂ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੀ ਯਾਦਗਾਰ ‘ਤੇ ਸ਼ਰਧਾ ਦੇ ਫੁਲ ਅਰਪਿਤ ਕੀਤੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਸ਼ਹੀਦ ਭਗਤ ਸਿੰਘ, ਮਦਨ ਲਾਲ ਢੀਂਗਰਾ ਅਤੇ ਹੋਰ ਕਈ ਨੌਜਵਾਨਾਂ ਨੇ ਸ਼ਹੀਦੀਆਂ ਦਿੱਤੀਆਂ ਤਾਂ ਹੀ ਦੇਸ਼ ਨੂੰ ਆਜ਼ਾਦੀ ਮਿਲੀ ਸੀ। ਇਸ ਮੌਕੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਦੀ ਸ਼ਾਨਦਾਰ ਕੋਰਿਓਗ੍ਰਾਫੀ ਕੀਤੀ।

---------------------------------------------------------------

ਟੋਕੀਓ ਪੈਰਾ-ਲੰਪਿਕਸ ਦੇ ਸੋਨ ਤਮਗਾ ਜੇਤੂ ਸੁਮਿਤ ਅੰਤਿਲ ਅਤੇ ਸ਼ਾਟ ਪੁਟ ਸਟਾਰ ਭਾਗਿਆਸ਼੍ਰੀ ਜਾਧਵ ਪੈਰਿਸ ਪੈਰਾਲੰਪਿਕਸ ਦੇ ਉਦਘਾਟਨੀ ਸਮਾਗਮ ਵਿਚ ਭਾਰਤੀ ਦਲ ਦੇ ਝੰਡਾਬਰਦਾਰ ਹੋਣਗੇ। ਪੈਰਾਲੰਪਿਕ ਖੇਡਾਂ ਇਸ ਸਾਲ 28 ਅਗਸਤ ਤੋਂ 8 ਸਤੰਬਰ ਤੱਕ ਹੋਣਗੀਆਂ। ਕੁਲ 84 ਐਥਲੀਟ ਭਾਰਤ ਦੀ ਨੁਮਾਇੰਦਗੀ ਕਰਨਗੇ ਅਤੇ ਪੈਰਾਲੰਪਿਕ ਖੇਡਾਂ ਵਿੱਚ ਦੇਸ਼ ਦਾ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਦਲ ਏ। ਟੋਕੀਓ

ਪੈਰਾਲੰਪਿਕਸ ਵਿੱਚ ਕੁੱਲ 54 ਐਥਲੀਟਾਂ ਨੇ ਦੇਸ਼ ਦੀ ਨੁੰਮਾਇਦਗੀ ਕੀਤੀ ਸੀ।